ਭੈਰਉ ਮਹਲਾ ੩ ॥ ਨਾਮੇ ਉਧਰੇ ਸਭਿ ਜਿਤਨੇ ਲੋਅ ॥ ਗੁਰਮੁਖਿ ਜਿਨਾ ਪਰਾਪਤਿ ਹੋਇ ॥੧॥ ਹਰਿ ਜੀਉ ਅਪਣੀ ਕ੍ਰਿਪਾ ਕਰੇਇ ॥ ਗੁਰਮੁਖਿ ਨਾਮੁ ਵਡਿਆਈ ਦੇਇ ॥੧॥ ਰਹਾਉ ॥ ਰਾਮ ਨਾਮਿ ਜਿਨ ਪ੍ਰੀਤਿ ਪਿਆਰੁ ॥ ਆਪਿ ਉਧਰੇ ਸਭਿ ਕੁਲ ਉਧਾਰਣਹਾਰੁ ॥ ੨॥ ਬਿਨੁ ਨਾਵੈ ਮਨਮੁਖ ਜਮ ਪੁਰਿ ਜਾਹਿ ॥ ਅਉਖੇ ਹੋਵਹਿ ਚੋਟਾ ਖਾਹਿ ॥੩॥ ਆਪੇ ਕਰਤਾ ਦੇਵੈ ਸੋਇ ॥ ਨਾਨਕ ਨਾਮੁ ਪਰਾਪਤਿ ਹੋਇ ॥੪॥੭॥ {ਪੰਨਾ 1129}

ਪਦਅਰਥ:- ਨਾਮੇ—ਨਾਮਿ ਹੀ, ਨਾਮ ਦੀ ਰਾਹੀਂ ਹੀ। ਉਧਰੇ—ਵਿਕਾਰਾਂ ਤੋਂ ਬਚੇ ਹਨ। ਸਭਿ—ਸਾਰੇ। ਲੋਅ—(ਚੌਦਾਂ) ਲੋਕ, ਚੌਦਾਂ ਲੋਕਾਂ ਦੇ ਜੀਵ। ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ। ਪਰਾਪਤਿ ਹੋਇ—(ਹਰਿ-ਨਾਮ) ਮਿਲਦਾ ਹੈ।1।

ਕਰੇਇ—ਕਰਦਾ ਹੈ। ਵਡਿਆਈ—ਇੱਜ਼ਤ। ਦੇਇ—ਦੇਂਦਾ ਹੈ।1। ਰਹਾਉ।

ਰਾਮ ਨਾਮਿ—ਪਰਮਾਤਮਾ ਦੇ ਨਾਮ ਵਿਚ। ਸਭਿ ਕੁਲ—ਸਾਰੀਆਂ ਕੁਲਾਂ ਨੂੰ। ਉਧਾਰਣਹਾਰੁ—ਵਿਕਾਰਾਂ ਤੋਂ ਬਚਾਣ ਦੀ ਸਮਰੱਥਾ ਵਾਲਾ {ਇਕ-ਵਚਨ}।2।

ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ। ਜਮਪੁਰਿ—ਜਮਰਾਜ ਦੇ ਦੇਸ ਵਿਚ। ਜਾਹਿ—ਜਾਂਦੇ ਹਨ {ਬਹੁ-ਵਚਨ}। ਅਉਖੇ—ਦੁਖੀ। ਖਾਹਿ—ਖਾਂਦੇ ਹਨ।3।

ਆਪੇ—ਆਪ ਹੀ। ਸੋਇ ਕਰਤਾ—ਉਹ ਕਰਤਾਰ ਹੀ। ਨਾਨਕ—ਹੇ ਨਾਨਕ!।4।

ਅਰਥ:- ਹੇ ਭਾਈ! (ਜਿਸ ਮਨੁੱਖ ਉੱਤੇ) ਪਰਮਾਤਮਾ ਆਪਣੀ ਕਿਰਪਾ ਕਰਦਾ ਹੈ, ਉਸ ਨੂੰ ਗੁਰੂ ਦੀ ਸਰਨ ਪਾ ਕੇ (ਆਪਣਾ) ਨਾਮ ਦੇਂਦਾ ਹੈ (ਇਹੀ ਹੈ ਅਸਲ) ਇੱਜ਼ਤ।1। ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ (ਉਹ ਵਿਕਾਰਾਂ ਤੋਂ ਬਚ ਜਾਂਦੇ ਹਨ)। ਹੇ ਭਾਈ! ਚੌਦਾਂ ਭਵਨਾਂ ਦੇ ਜਿਤਨੇ ਭੀ ਜੀਵ ਹਨ, ਉਹ ਸਾਰੇ ਪਰਮਾਤਮਾ ਦੇ ਨਾਮ ਦੀ ਰਾਹੀਂ ਵਿਕਾਰਾਂ ਤੋਂ ਬਚਦੇ ਹਨ।1।

ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜਿਨ੍ਹਾਂ ਮਨੁੱਖਾਂ ਦੀ ਪ੍ਰੀਤ ਹੈ ਜਿਨ੍ਹਾਂ ਦਾ ਪਿਆਰ ਹੈ, ਉਹ ਆਪ ਵਿਕਾਰਾਂ ਤੋਂ ਬਚ ਗਏ। (ਉਹਨਾਂ ਵਿਚੋਂ ਹਰੇਕ ਆਪਣੀਆਂ) ਸਾਰੀਆਂ ਕੁਲਾਂ ਨੂੰ ਬਚਾਣ-ਜੋਗਾ ਹੋ ਗਿਆ।2।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਜਮਰਾਜ ਦੇ ਦੇਸ ਵਿਚ ਜਾਂਦੇ ਹਨ, ਉਹ ਦੁਖੀ ਹੁੰਦੇ, (ਤੇ ਨਿੱਤ ਵਿਕਾਰਾਂ ਦੀਆਂ) ਸੱਟਾਂ ਸਹਾਰਦੇ ਹਨ।3।

ਹੇ ਨਾਨਕ! ਜਿਸ ਮਨੁੱਖ ਨੂੰ ਕਰਤਾਰ ਆਪ ਹੀ (ਨਾਮ ਦੀ ਦਾਤਿ) ਦੇਂਦਾ ਹੈ (ਉਸ ਨੂੰ ਹੀ ਉਸ ਦਾ) ਨਾਮ ਮਿਲਦਾ ਹੈ।4।7।